**ਪ੍ਰੈਸ ਨੋਟ-1**
**1/23959/2020**
ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਕੋਵਿਡ-19 ਦੇ ਪ੍ਰਭਾਵ ਨੂੰ ਫੈਲਣ ਤੋਂ ਰੋਕਣ ਲਈ ਮੰਡੀਆਂ 'ਚ ਕੀਤੇ ਪੁਖਤਾ ਪ੍ਰਬੰਧ-ਡਿਪਟੀ ਕਮਿਸ਼ਨਰ

618407 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਕੀਤੀ -ਰਾਜ ਰਿਸ਼ੀ ਮਹਿਰਾ

ਫ਼ਾਜ਼ਿਲਕਾ, 12 ਮਈ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲੇ ਅੰਦਰ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ। ਕਣਕ ਦੀ ਖਰੀਦ ਉਪਰੰਤ ਲਿਫਟਿੰਗ ਤੇ ਕਿਸਾਨਾਂ ਨੂੰ ਅਦਾਇਗੀ ਨਾਲੋ-ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਜਿੱਥੇ ਸੁਚਾਰੂ ਢੰਗ ਨਾਲ ਕਣਕ ਦੀ ਖਰੀਦ ਕੀਤੀ ਜਾ ਰਹੀ ਹੈ, ਉਥੇ ਕੋਵਿਡ-19 ਦੇ ਪ੍ਰਭਾਵ ਨੂੰ ਫੈਲਣ ਤੋਂ ਰੋਕਣ ਲਈ ਵਿਸ਼ੇਸ਼ ਕਦਮ ਪੁੱਟੇ ਗਏ ਹਨ। ਉਨ੍ਹਾਂ ਕਿਹਾ ਕਿ ਸਮਾਜਿਕ ਦੂਰੀ ਬਰਕਰਾਰ ਰੱਖਣ ਤੋਂ ਇਲਾਵਾ ਕਿਸਾਨਾਂ ਤੇ ਮਜ਼ਦੂਰਾਂ ਲਈ ਮਾਸਕ ਅਤੇ ਸੈਨੇਟਾਈਜਰ ਦੀ ਸਹੂਲਤ ਸਮੇਤ ਰੋਗਾਣੂ ਮੁਕਤ ਸਪਰੇਅ ਲਗਾਤਾਰ ਯਕੀਨੀ ਬਣਾਈ ਜਾ ਰਹੀ ਹੈ।

ਜ਼ਿਲਾ ਫੂਡ ਸਪਲਾਈ ਕੰਟਰੋਲਰ ਰਾਜਰਿਸ਼ੀ ਮਹਿਰਾ ਨੇ ਦੱਸਿਆ ਕਿ ਜ਼ਿਲੇ ਦੀਆਂ ਮੰਡੀਆਂ 'ਚ ਬੀਤੀ ਸ਼ਾਮ ਤੱਕ 706252 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 706142 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਬੀਤੀ ਸ਼ਾਮ ਤੱਕ ਪਨਗਰੇਨ ਵੱਲੋਂ 196757 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 47725 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 188523 ਮੀਟ੍ਰਿਕ ਟਨ, ਵੇਅਰਹਾਊਸ ਵੱਲੋਂ 102029 ਅਤੇ ਪਨਸਪ ਵੱਲੋਂ 171108 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ। ਉਨ੍ਹਾਂ ਕਿਹਾ ਕਿ 618407 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਵੀ ਕੀਤੀ ਜਾ ਚੁੱਕੀ ਹੈ।

**ਪ੍ਰੈਸ ਨੋਟ-2**
**1/23961/2020**
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਜ਼ਿਲ੍ਹਾ ਪੱਧਰ 'ਤੇ ਸਫ਼ਾਈ, ਫੋਗਿੰਗ, ਰੋਗਾਣੂ ਮੁਕਤ ਸਪਰੇਅ ਦੇ ਕਾਰਜ਼ਾਂ ਲਈ ਕਰਮਚਾਰੀ

ਤਨਦੇਹੀ ਨਾਲ ਨਿਭਾ ਰਹੇ ਹਨ ਸੇਵਾਵਾਂ-ਡਿਪਟੀ ਕਮਿਸ਼ਨਰ

*ਸ਼ਹਿਰ ਦੇ ਬਜਾਰਾਂ, ਜਨਤਕ ਥਾਵਾਂ, ਹਸਪਤਾਲ, ਬੈਂਕ, ਦਫ਼ਤਰਾਂ ਤੇ ਡਾਕ ਘਰਾਂ

ਆਦਿ ਵਿੱਚ ਰੋਗਾਣੂ ਮੁਕਤ ਸਪਰੇਅ ਕਰਵਾਈ-ਨਰੇਸ਼ ਖੇੜਾ

ਫ਼ਾਜ਼ਿਲਕਾ, 12 ਮਈ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕੋਵਿਡ 19 ਦੀ ਮਹਾਂਮਾਰੀ ਦੇ ਮੱਦੇਨਜ਼ਰ ਜ਼ਿਲ੍ਹਾ ਪੱਧਰ 'ਤੇ ਸਫ਼ਾਈ, ਫੋਗਿੰਗ, ਰੋਗਾਣੂ ਮੁਕਤ ਸਪਰੇਅ ਦੇ ਕਾਰਜ਼ਾਂ ਲਈ ਨਗਰ ਕੋਸ਼ਲ ਦੇ ਕਰਮਚਾਰੀ ਪੂਰੀ ਤਨਦੇਹੀ ਨਾਲ ਸੇਵਾਵਾਂ ਨਿਭਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੈਨਟਰੀ ਇੰਸਪੈਕਟਰ ਫਾਜ਼ਿਲਕਾ ਨਰੇਸ਼ ਖੇੜਾ ਨੇ ਦੱਸਿਆ ਕਿ ਫਾਜ਼ਿਲਕਾ ਸ਼ਹਿਰ ਦੇ ਹਰੇਕ ਗਲੀ, ਮੁਹੱਲੇ, ਬਜ਼ਾਰ, ਧਾਰਮਿਕ ਸਥਾਨ, ਬੈਂਕਾਂ, ਸ਼ਬਜੀ ਮੰਡੀ ਆਦਿ ਵਿਖੇ ਸੋਡੀਅਮ ਹਾਈਪੋਕਲੋਰਾਈਟ ਦਾ ਛਿੜਕਾਅ ਅਤੇ ਫੋਗਿੰਗ ਲਈ ਟੀਮਾਂ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਵੱਖ ਵੱਖ ਟੀਮਾਂ ਵੱਲੋਂ ਨਿਰਧਾਰਤ ਥਾਵਾਂ 'ਤੇ ਪਹੁੰਚ

ਕਰਕੇ ਕਾਰਵਾਈ ਅਮਲ ’ਚ ਲਿਆਂਦੀ ਜਾ ਰਹੀ ਹੈ ਅਤੇ ਉੱਚ ਅਧਿਕਾਰੀਆਂ ਨੂੰ ਰੋਗਾਣੂ ਮੁਕਤ ਸਪਰੇਅ ਦਾ ਛਿੜਕਾਅ ਕਰਨ ਤੋਂ ਬਾਅਦ ਉੱਚ ਅਧਿਕਾਰੀਆਂ ਨੂੰ ਸੂਚਿਤ ਕਰ ਦਿੱਤਾ ਜਾਂਦਾ ਹੈ।

ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਫ਼ਾਜ਼ਿਲਕਾ ਦੇ ਸਫਾਈ ਕਾਮਿਆਂ ਵੱਲੋਂ ਸਫ਼ਾਈ ਮੁੰਿਹਮ ਦੌਰਾਨ ਘਰ-ਘਰ ਤੋਂ ਕੂੜਾ ਚੁੱਕਣ ਲਈ ਜੰਗੀ ਪੱਧਰ ’ਤੇ ਬਾਖੂਬੀ ਢੰਗ ਨਾਲ ਆਪਣੀ ਡਿਊਟੀ ਨਿਭਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਨਗਰ ਕੋਸ਼ਲ ਦੀ ਟੀਮਾਂ ਕੋਲ ਰੋਗਾਣੂ ਮੁਕਤ ਸਪਰੇਅ ਦੀ ਕੋਈ ਸਮੱਸਿਆ ਨਹੀ ਹੈ ਲੋੜੀਂਦੀ ਮਾਤਰਾ ’ਚ ਦਵਾਈ ਮੌਜੂਦ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਨੂੰ ਧਿਆਨ ’ਚ ਰੱਖਦੇ ਹੋਏ ਫੋਗਿੰਗ ਕਰਵਾਉਣ ਦੀ ਪ੍ਰਕਿਰਿਆ ਵੀ ਜਾਰੀ ਹੈ, ਤਾਂ ਜੋ ਸ਼ਹਿਰ ਵਾਸੀਆਂ ਨੂੰ ਮੱਛਰਾਂ ਤੋਂ ਹੋਣ ਵਾਲੀ ਬਿਮਾਰੀ ਤੋਂ ਵੀ ਸੁਰੱਖਿਅਤ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਰਾਧਾ ਸੁਆਮੀ ਸਤਸੰਗ, ਐਮ.ਆਰ. ਕਾਲਜ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਤੇ ਲੜਕੇ, ਰਾਮ ਕੀਰਤਨ ਸਭਾ ਵਾਲੀ ਰੋਡ ਅਤੇ ਅਮਰ ਹੋਟਲ ਰੋਡ ਵਿਖੇ ਸੋਡੀਅਮ ਹਾਈਪੋਕਲੋਰਾਈਡ ਦਵਾਈ ਦਾ ਛਿੜਕਾਅ ਕੀਤਾ ਗਿਆ। ਇਸ ਤੋਂ ਪਹਿਲਾਂ ਸ਼ਹਿਰ ਦੇ ਮੁੱਖ ਬਜਾਰਾਂ, ਜਨਤਕ ਥਾਵਾਂ, ਹਸਪਤਾਲ, ਬੈਂਕ, ਦਫ਼ਤਰ, ਡਾਕ ਘਰਾਂ ਆਦਿ ਵਿੱਚ ਸਪਰੇਅ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਛਿੜਕਾਅ ਲਈ ਫਾਇਰ ਟੈਂਡਰ ਅਤੇ ਟਰੈਕਟਰਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਵੀ ਆਪਣੇ ਆਪ ਨੂੰ ਸਾਫ਼-ਸੁਥਰਾ ਰੱਖਣਾ ਚਾਹੀਦਾ ਹੈ ਅਤੇ ਚੰਗੀ ਤਰ੍ਹਾਂ ਹੱਥਾਂ ਦੀ ਸਫਾਈ ’ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਤਸਵੀਰਾਂ

ਕੋਵਿਡ 19 ਦੇ ਪ੍ਰਕੋਪ ਤੋਂ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵੱਖ-ਵੱਖ ਥਾਵਾਂ ’ਚ ਸੋਡੀਅਮ ਹਾਈਪੋਕਲੋਰਾਈਟ ਦਾ ਛਿੜਕਾਅ ਕਰਦੇ ਹੋਏ ਨਗਰ ਕੌਂਸਲ ਦੇ ਕਰਮਚਾਰੀ

**ਪ੍ਰੈਸ ਨੋਟ-3**

**1/24074/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਵਨ ਸਟਾਪ ਸੈਂਟਰ ਫਾਜਿਲਕਾ ਲਾਕ ਡਾਊਨ ਦੇ ਦੌਰਾਨ ਪੀੜ੍ਹਤ ਔਰਤਾਂ ਲਈ ਬਣਿਆ ਉਮੀਦ ਦੀ ਕਿਰਨ

*ਔਰਤਾਂ ਲੋੜ ਪੈਣ ’ਤੇ ਵਨ ਸਟਾਪ ਦੇ ਨੰਬਰ 01638-260181 ’ਤੇ ਕਰਨ ਰਾਬਤਾ-ਗੌਰੀ ਸਚਦੇਵਾ

* ਮਹਿਲਾਵਾਂ ਨੂੰ ਕੋਵਿਡ-19 ਦੀਆਂ ਹਦਾਇਤਾਂ ਦਾ ਪਾਲਣ ਕਰਨ ਦੀ ਅਪੀਲ

ਫ਼ਾਜ਼ਿਲਕਾ, 12 ਮਈ

ਕੋਰੋਨਾ ਮਹਾਂਮਾਰੀ ਕਾਰਨ ਲਾਕਡਾਊਨ ਦੇ ਚੱਲਦੇ ਔਰਤਾਂ ਦੇ ਨਾਲ ਘਰੇਲੂ ਹਿੰਸਾ ਦੇ ਕਈ ਮਾਮਲੇ ਸਾਹਮਣੇ ਆਏ ਹਨ। ਇਹ ਜਾਣਕਾਰੀ ਵਨ ਸਟਾਪ ਸੈਂਟਰ ਫਾਜਿਲਕਾ ਦੀ ਇੰਚਾਰਜ ਸ਼੍ਰੀਮਤੀ ਗੌਰੀ ਸਚਦੇਵਾ ਅਤੇ ਪੈਰਾ ਲੀਗਲ ਲਾਇਰ ਸ਼੍ਰੀਮਤੀ ਜਯੋਤੀ ਵਰਮਾ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਇਹਨਾਂ ਸਾਰੇ ਮਾਮਲਿਆਂ ਵਿੱਚ ਪੀੜ੍ਹਤ ਔਰਤਾਂ ਨੂੰ ਮੋਕੇ ’ਤੇ ਮੈਡੀਕਲ ਅਤੇ ਪੁਲਿਸ ਸਹਾਇਤਾ ਉਪਲੱਬਧ ਕਰਵਾਈ ਗਈ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੀੜਿਤ ਔਰਤਾਂ ਨੂੰ ਕਾਨੂੰਨੀ ਅਤੇ ਮਨੋਵਿਗਿਆਨਿਕ ਤੌਰ ’ਤੇ ਕਾਂਉਸਲਿੰਗ ਕੀਤੀ ਗਈ ਤਾਂ ਜੋ ਉਹ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕੇ ਅਤੇ ਉਸ ਦੇ ਅੰਦਰ ਮੁਸ਼ਕਿਲ ਹਾਲਾਤ ਦਾ ਸਾਹਮਣਾ ਕਰਨ ਦੀ ਹਿੰਮਤ ਪੈਦਾ ਹੋ ਸਕੇ। ਲਾਕਡਾਊਨ ਦੌਰਾਨ ਉਹਨਾਂ ਔਰਤਾਂ ਨੂੰ ਵੀ ਫੋਨ ਕੀਤਾ ਗਿਆ ਜਿਹਨਾਂ ਨੇ ਇਸ ਸੈਂਟਰ ਵਿਖੇ ਲਾਕਡਾਊਨ

ਤੋਂ ਪਹਿਲਾਂ ਦਰਖਾਸਤ ਲਗਾਈ ਸੀ, ਉਹਨਾਂ ਔਰਤਾਂ ਅਤੇ ਉਹਨਾਂ ਦੇ ਪਰਿਵਾਰ ਦਾ ਹਾਲ ਚਾਲ ਪੁੱਛਿਆ ਗਿਆ ਅਤੇ ਕਿਸੇ ਵੀ ਤਰਾਂ ਦੀ ਮੁਸ਼ਕਿਲ ਆਉਣ ਤੇ ਉਸਦਾ ਨਿਪਟਾਰਾ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਲਾਕਡਾਊਨ ਦੌਰਾਨ ਵਨ ਸਟਾਪ ਸੈਂਟਰ ਦੁਆਰਾ ਸੋਸ਼ਲ ਮੀਡੀਆ ਦੇ ਜਰੀਏ ਜਿਵੇਂ ਕਿ ਵਟਸਐਪ ਗਰੁੱਪ, ਵਟਸਐਪ ਸਟੇਟਸ, ਫੇਸਬੁੱਕ ਪੇਜ ( ਵਨ ਸਟਾਪ ਸੈਂਟਰ ਫ਼ਾਜ਼ਿਲਕਾ), ਇੰਸਟਾਗਰਾਮ ਆਦਿ ਰਾਹੀ ਜਾਗਰੂਕਤਾ ਅਭਿਆਨ ਚਲਾਇਆ ਗਿਆ। ਸੈਂਟਰ ਇੰਚਾਰਜ ਨੇ ਦੱਸਿਆ ਕਿ ਇਸ ਮਹਾਂਮਾਰੀ ਦੇ ਚੱਲਦੇ ਹੋਏ ਕੋਈ ਵੀ ਔਰਤ ਜਰੂਰਤ ਪੈਣ ’ਤੇ ਵਨ ਸਟਾਪ ਦੇ ਨੰਬਰ 01638-260181 ਜਾਂ ਉਹਨਾ ਦੇ ਨੰਬਰ ਸ਼੍ਰੀਮਤੀ ਗੌਰੀ ਸਚਦੇਵਾ 94645-03876 ਅਤੇ ਸ਼੍ਰੀਮਤੀ ਜਯੋਤੀ ਵਰਮਾ 79883-66332 ’ਤੇ ਸੰਪਰਕ ਕਰ ਸਕਦੀ ਹੈ ਅਤੇ ਉਸਨੂੰ ਹਰ ਪ੍ਰਕਾਰ ਦੀ ਬਣਦੀ ਸਹਾਇਤਾ ਉਪਲੱਬਧ ਕਰਵਾਈ ਜਾਵੇਗੀ।

ਇਸ ਤੋਂ ਇਲਾਵਾ ਵਨ ਸਟਾਪ ਸੈਂਟਰ ਦੀ ਇੰਚਾਰਜ ਅਤੇ ਪੈਰਾ ਲੀਗਲ ਲਾਇਰ ਨੇ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਜ਼ਰੂਰੀ ਕੰਮ ਤੋਂ ਬਿਨਾਂ ਘਰਾਂ ਤੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਕੋਵਿਡ-19 ਦੌਰਾਨ ਸਰਕਾਰ ਦੀਆਂ ਹਦਾਇਤਾਂ ਦਾ ਪਾਲਣ ਕੀਤਾ ਜਾਵੇ। ਇਸ ਦੇ ਨਾਲ ਹੀ ਮਾਸਕ ਲਗਾਉਣ, ਹੱਥਾਂ ਨੂੰ ਵਾਰ-ਵਾਰ ਧੋਣ, ਸਮਾਜਿਕ ਦੂਰੀ ਬਣਾ ਕੇ ਰੱਖਣ ਅਤੇ ਭੀੜ-ਭਾੜ ਵਾਲੇ ਸਥਾਨ ’ਤੇ ਨਾ ਜਾਣ ਲਈ ਜਾਗਰੂਕ ਕੀਤਾ ਗਿਆ।